## ੧ਓ ਸਤਿਗੁਰ ਪ੍ਰਸਾਦਿ ॥
## ਸਲੋਕ ਮਹਲਾ ੯ ॥

ਗੁਨ ਗੋਬਿੰਦ ਗਾਇਓ ਨਹੀ ਜਨਮੁ ਅਕਾਰਥ ਕੀਨੁ ॥ ਕਹੁ ਨਾਨਕ ਹਰਿ ਭਜੁ ਮਨਾ ਜਿਹ ਬਿਧਿ ਜਲ ਕਉ ਮੀਨੁ ॥੧॥ ਬਿਖਿਅਨ ਸਿਉ ਕਾਹੇ ਰਚਿਓ ਨਿਮਖ ਨ ਹੋਹਿ ਉਦਾਸੁ ॥ ਕਹੁ ਨਾਨਕ ਭਜੁ ਹਰਿ ਮਨਾ ਪਰੈ ਨ ਜਮ ਕੀ ਫਾਸ ॥੨॥ ਤਰਨਾਪੋ ਇਉ ਹੀ ਗਇਓ ਲੀਓ ਜਰਾ ਤਨੁ ਜੀਤਿ ॥ ਕਹੁ ਨਾਨਕ ਭਜੁ ਹਰਿ ਮਨਾ ਅਉਧ ਜਾਤੁ ਹੈ ਬੀਤਿ ॥੩॥ ਬਿਰਧਿ ਭਇਓ ਸੂਝੈ ਨਹੀ ਕਾਲੁ ਪਹੂਚਿਓ ਆਨਿ ॥ ਕਹੁ ਨਾਨਕ ਨਰ ਬਾਵਰੇ ਕਿਉ ਨ ਭਜੈ ਭਗਵਾਨੁ ॥੪॥ ਧਨੁ ਦਾਰਾ ਸੰਪਤਿ ਸਗਲ ਜਿਨਿ ਅਪੁਨੀ ਕਰਿ ਮਾਨਿ ॥ ਇਨ ਮੈ ਕਛੁ ਸੰਗੀ ਨਹੀ ਨਾਨਕ ਸਾਚੀ ਜਾਨਿ ॥੫॥ ਪਤਿਤ ਉਧਾਰਨ ਭੈ ਹਰਨ ਹਰਿ ਅਨਾਥ ਕੇ ਨਾਥ ॥ ਕਹੁ ਨਾਨਕ ਤਿਹ ਜਾਨੀਐ ਸਦਾ ਬਸਤੁ ਤੁਮ ਸਾਥਿ ॥੬॥ ਤਨੁ ਧਨੁ ਜਿਹ ਤੋ ਕਉ ਦੀਓ ਤਾਂ ਸਿਉ ਨੇਹੁ ਨ ਕੀਨ ॥ ਕਹੁ ਨਾਨਕ ਨਰ ਬਾਵਰੇ ਅਬ ਕਿਉ ਡੋਲਤ ਦੀਨ ॥੭॥ ਤਨੁ ਧਨੁ ਸੰਪੈ ਸੁਖ ਦੀਓ ਅਰੁ ਜਿਹ ਨੀਕੇ ਧਾਮ ॥ ਕਹੁ ਨਾਨਕ ਸੁਨੁ ਰੇ ਮਨਾ ਸਿਮਰਤ ਕਾਹਿ ਨ ਰਾਮੁ ॥੮॥ ਸਭ ਸੁਖ ਦਾਤਾ ਰਾਮੁ ਹੈ ਦੂਸਰ ਨਾਹਿਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ ਤਿਹ ਸਿਮਰਤ ਗਤਿ ਹੋਇ ॥੯॥ ਜਿਹ ਸਿਮਰਤ ਗਤਿ ਪਾਈਐ ਤਿਹ ਭਜੁ ਰੇ ਤੈ ਮੀਤ ॥ ਕਹੁ ਨਾਨਕ ਸੁਨੁ ਰੇ ਮਨਾ ਅਉਧ ਘਟਤ ਹੈ ਨੀਤ ॥੧੦॥ ਪਾਂਚ ਤਤ ਕੋ ਤਨੁ ਰਚਿਓ ਜਾਨਹੁ ਚਤੁਰ ਸੁਜਾਨ ॥ ਜਿਹ ਤੇ ਉਪਜਿਓ ਨਾਨਕਾ ਲੀਨ ਤਾਹਿ ਮੈ ਮਾਨੁ ॥੧੧॥ ਘਟ ਘਟ ਮੈ ਹਰਿ ਜੂ ਬਸੈ ਸੰਤਨ ਕਹਿਓ ਪੁਕਾਰਿ ॥ ਕਹੁ ਨਾਨਕ ਤਿਹ ਭਜੁ ਮਨਾ ਭਉ ਨਿਧਿ ਉਤਰਹਿ ਪਾਰਿ ॥੧੨॥ ਸੁਖੁ ਦੁਖੁ ਜਿਹ ਪਰਸੈ ਨਹੀ ਲੋਭੁ ਮੋਹੁ ਅਭਿਮਾਨੁ ॥ ਕਹੁ ਨਾਨਕ ਸੁਨੁ ਰੇ ਮਨਾ ਸੋ ਮੂਰਤਿ ਭਗਵਾਨ ॥੧੩॥ ਉਸਤਤਿ ਨਿੰਦਿਆ ਨਾਹਿ ਜਿਹਿ ਕੰਚਨ ਲੋਹ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੪॥ ਹਰਖੁ ਸੋਗੁ ਜਾ ਕੈ ਨਹੀ ਬੈਰੀ ਮੀਤ ਸਮਾਨਿ ॥ ਕਹੁ ਨਾਨਕ ਸੁਨਿ ਰੇ ਮਨਾ ਮੁਕਤਿ ਤਾਹਿ ਤੈ ਜਾਨਿ ॥੧੫॥ ਭੈ ਕਾਹੂ ਕਉ ਦੇਤ ਨਹਿ ਨਹਿ ਭੈ ਮਾਨਤ ਆਨ ॥ ਕਹੁ ਨਾਨਕ ਸੁਨਿ ਰੇ ਮਨਾ ਗਿਆਨੀ ਤਾਹਿ ਬਖਾਨਿ ॥੧੬॥ ਜਿਹਿ ਬਿਖਿਆ ਸਗਲੀ ਤਜੀ ਲੀਓ ਭੇਖ ਬੈਰਾਗ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਨਰ ਮਾਥੈ ਭਾਗੁ ॥੧੭॥ ਜਿਹਿ ਮਾਇਆ ਮਮਤਾ ਤਜੀ ਸਭ ਤੇ ਭਇਓ ਉਦਾਸੁ ॥ ਕਹੁ ਨਾਨਕ ਸੁਨੁ ਰੇ ਮਨਾ ਤਿਹ ਘਟਿ ਬ੍ਰਹਮ ਨਿਵਾਸੁ ॥੧੮॥ ਜਿਹਿ ਪ੍ਰਾਨੀ ਹਉਮੈ ਤਜੀ ਕਰਤਾ ਰਾਮੁ ਪਛਾਨਿ ॥ ਕਹੁ ਨਾਨਕ ਵਹੁ ਮੁਕਤਿ ਨਰੁ ਇਹ ਮਨ ਸਾਚੀ ਮਾਨੁ ॥੧੯॥ ਭੈ ਨਾਸਨ ਦੁਰਮਤਿ ਹਰਨ ਕਲਿ ਮੈ ਹਰਿ ਕੋ ਨਾਮੁ ॥

ਨਿਸਿ ਦਿਨੁ ਜੋ ਨਾਨਕ ਭਜੈ ਸਫਲ ਹੋਹਿ ਤਿਹ
ਕਾਮ ॥੨੦॥ ਜਿਹਬਾ ਗੁਨ ਗੋਬਿੰਦ ਭਜਹੁ
ਕਰਨ ਸੁਨਹੁ ਹਰਿ ਨਾਮੁ ॥ ਕਹੁ ਨਾਨਕ ਸੁਨਿ
ਰੇ ਮਨਾ ਪਰਹਿ ਨ ਜਮ ਕੈ ਧਾਮ ॥੨੧॥ ਜੋ
ਪ੍ਰਾਨੀ ਮਮਤਾ ਤਜੈ ਲੋਭ ਮੋਹ ਅਹੰਕਾਰ ॥
ਕਹੁ ਨਾਨਕ ਆਪਨ ਤਰੈ ਅਉਰਨ ਲੇਤ
ਉਧਾਰ ॥੨੨॥ ਜਿਉ ਸੁਪਨਾ ਅਰੁ ਪੇਖਨਾ
ਐਸੇ ਜਗ ਕਉ ਜਾਨਿ ॥ ਇਨ ਮੈ ਕਛੁ ਸਾਚੋ
ਨਹੀ ਨਾਨਕ ਬਿਨੁ ਭਗਵਾਨ ॥੨੩॥ ਨਿਸਿ
ਦਿਨੁ ਮਾਇਆ ਕਾਰਨੇ ਪ੍ਰਾਨੀ ਡੋਲਤ ਨੀਤ ॥
ਕੋਟਨ ਮੈ ਨਾਨਕ ਕੋਊ ਨਾਰਾਇਨੁ ਜਿਹ
ਚੀਤਿ ॥੨੪॥ ਜੈਸੇ ਜਲ ਤੇ ਬੁਦਬੁਦਾ ਉਪਜੈ
ਬਿਨਸੈ ਨੀਤ ॥ ਜਗ ਰਚਨਾ ਤੈਸੇ ਰਚੀ ਕਹੁ
ਨਾਨਕ ਸੁਨਿ ਮੀਤ ॥੨੫॥ ਪ੍ਰਾਨੀ ਕਛੂ ਨ
ਚੇਤਈ ਮਦਿ ਮਾਇਆ ਕੈ ਅੰਧੁ ॥ ਕਹੁ
ਨਾਨਕ ਬਿਨੁ ਹਰਿ ਭਜਨ ਪਰਤ ਤਾਹਿ ਜਮ
ਫੰਧ ॥੨੬॥ ਜਉ ਸੁਖ ਕਉ ਚਾਹੈ ਸਦਾ
ਸਰਨਿ ਰਾਮ ਕੀ ਲੇਹ ॥ ਕਹੁ ਨਾਨਕ ਸੁਨਿ ਰੇ
ਮਨਾ ਦੁਰਲਭ ਮਾਨੁਖ ਦੇਹ ॥੨੭॥ ਮਾਇਆ
ਕਾਰਨਿ ਧਾਵਹੀ ਮੂਰਖ ਲੋਗ ਅਜਾਨ ॥ ਕਹੁ
ਨਾਨਕ ਬਿਨੁ ਹਰਿ ਭਜਨ ਬਿਰਥਾ ਜਨਮੁ
ਸਿਰਾਨ ॥੨੮॥ ਜੋ ਪ੍ਰਾਨੀ ਨਿਸਿ ਦਿਨੁ ਭਜੈ
ਰੂਪ ਰਾਮ ਤਿਹ ਜਾਨੁ ॥ ਹਰਿ ਜਨ ਹਰਿ
ਅੰਤਰੁ ਨਹੀ ਨਾਨਕ ਸਾਚੀ ਮਾਨੁ ॥੨੯॥
ਮਨੁ ਮਾਇਆ ਮੈ ਫਧਿ ਰਹਿਓ ਬਿਸਰਿਓ
ਗੋਬਿੰਦ ਨਾਮੁ ॥ ਕਹੁ ਨਾਨਕ ਬਿਨੁ ਹਰਿ
ਭਜਨ ਜੀਵਨ ਕਉਨੇ ਕਾਮ ॥੩੦॥ ਪ੍ਰਾਨੀ
ਰਾਮੁ ਨ ਚੇਤਈ ਮਦਿ ਮਾਇਆ ਕੈ ਅੰਧੁ ॥
ਕਹੁ ਨਾਨਕ ਹਰਿ ਭਜਨ ਬਿਨੁ ਪਰਤ ਤਾਹਿ
ਜਮ ਫੰਧ ॥੩੧॥ ਸੁਖ ਮੈ ਬਹੁ ਸੰਗੀ ਭਏ
ਦੁਖ ਮੈ ਸੰਗਿ ਨ ਕੋਇ ॥ ਕਹੁ ਨਾਨਕ ਹਰਿ
ਭਜੁ ਮਨਾ ਅੰਤਿ ਸਹਾਈ ਹੋਇ ॥੩੨॥
ਜਨਮ ਜਨਮ ਭਰਮਤ ਫਿਰਿਓ ਮਿਟਿਓ ਨ
ਜਮ ਕੋ ਤ੍ਰਾਸੁ ॥ ਕਹੁ ਨਾਨਕ ਹਰਿ ਭਜੁ ਮਨਾ
ਨਿਰਭੈ ਪਾਵਹਿ ਬਾਸੁ ॥੩੩॥ ਜਤਨ ਬਹੁਤੁ
ਮੈ ਕਰਿ ਰਹਿਓ ਮਿਟਿਓ ਨ ਮਨ ਕੋ ਮਾਨੁ ॥
ਦੁਰਮਤਿ ਸਿਉ ਨਾਨਕ ਫਧਿਓ ਰਾਖਿ ਲੇਹੁ
ਭਗਵਾਨ ॥੩੪॥ ਬਾਲ ਜੁਆਨੀ ਅਰੁ
ਬਿਰਧਿ ਫੁਨਿ ਤੀਨਿ ਅਵਸਥਾ ਜਾਨਿ ॥ ਕਹੁ
ਨਾਨਕ ਹਰਿ ਭਜਨ ਬਿਨੁ ਬਿਰਥਾ ਸਭ ਹੀ
ਮਾਨੁ ॥੩੫॥ ਕਰਣੋ ਹੁਤੋ ਸੁ ਨਾ ਕੀਓ
ਪਰਿਓ ਲੋਭ ਕੈ ਫੰਧ ॥ ਨਾਨਕ ਸਮਿਓ ਰਮਿ
ਗਇਓ ਅਬ ਕਿਉ ਰੋਵਤ ਅੰਧ ॥੩੬॥ ਮਨੁ
ਮਾਇਆ ਮੈ ਰਮਿ ਰਹਿਓ ਨਿਕਸਤ ਨਾਹਿਨ
ਮੀਤ ॥ ਨਾਨਕ ਮੂਰਤਿ ਚਿਤ੍ਰ ਜਿਉ ਛਾਡਿਤ
ਨਾਹਿਨ ਭੀਤਿ ॥੩੭॥ ਨਰ ਚਾਹਤ ਕਛੁ
ਅਉਰ ਅਉਰੈ ਕੀ ਅਉਰੈ ਭਈ ॥ ਚਿਤਵਤ
ਰਹਿਓ ਠਗਉਰ ਨਾਨਕ ਫਾਸੀ ਗਲਿ ਪਰੀ
॥੩੮॥ ਜਤਨ ਬਹੁਤ ਸੁਖ ਕੇ ਕੀਏ ਦੁਖ ਕੋ
ਕੀਓ ਨ ਕੋਇ ॥ ਕਹੁ ਨਾਨਕ ਸੁਨਿ ਰੇ ਮਨਾ
ਹਰਿ ਭਾਵੈ ਸੋ ਹੋਇ ॥੩੯॥ ਜਗਤੁ ਭਿਖਾਰੀ
ਫਿਰਤੁ ਹੈ ਸਭ ਕੋ ਦਾਤਾ ਰਾਮੁ ॥ ਕਹੁ ਨਾਨਕ
ਮਨ ਸਿਮਰੁ ਤਿਹ ਪੂਰਨ ਹੋਵਹਿ ਕਾਮ

॥੪੦॥ ਝੂਠੈ ਮਾਨੁ ਕਹਾ ਕਰੈ ਜਗੁ ਸੁਪਨੇ ਜਿਉ ਜਾਨੁ ॥ ਇਨ ਮੈ ਕਛੁ ਤੇਰੋ ਨਹੀ ਨਾਨਕ ਕਹਿਓ ਬਖਾਨਿ ॥੪੧॥ ਗਰਬੁ ਕਰਤੁ ਹੈ ਦੇਹ ਕੋ ਬਿਨਸੈ ਛਿਨ ਮੈ ਮੀਤ ॥ ਜਿਹਿ ਪ੍ਰਾਨੀ ਹਰਿ ਜਸੁ ਕਹਿਓ ਨਾਨਕ ਤਿਹਿ ਜਗੁ ਜੀਤਿ ॥੪੨॥ ਜਿਹ ਘਟਿ ਸਿਮਰਨੁ ਰਾਮ ਕੋ ਸੋ ਨਰੁ ਮੁਕਤਾ ਜਾਨੁ ॥ ਤਿਹਿ ਨਰ ਹਰਿ ਅੰਤਰੁ ਨਹੀ ਨਾਨਕ ਸਾਚੀ ਮਾਨੁ ॥੪੩॥ ਏਕ ਭਗਤਿ ਭਗਵਾਨ ਜਿਹ ਪ੍ਰਾਨੀ ਕੈ ਨਾਹਿ ਮਨਿ ॥ ਜੈਸੇ ਸੂਕਰ ਸੁਆਨ ਨਾਨਕ ਮਾਨੋ ਤਾਹਿ ਤਨੁ ॥੪੪॥ ਸੁਆਮੀ ਕੋ ਗ੍ਰਿਹੁ ਜਿਉ ਸਦਾ ਸੁਆਨ ਤਜਤ ਨਹੀ ਨਿਤ ॥ ਨਾਨਕ ਇਹ ਬਿਧਿ ਹਰਿ ਭਜਉ ਇਕ ਮਨਿ ਹੁਇ ਇਕ ਚਿਤਿ ॥੪੫॥ ਤੀਰਥ ਬਰਤ ਅਰੁ ਦਾਨ ਕਰਿ ਮਨ ਮੈ ਧਰੈ ਗੁਮਾਨੁ ॥ ਨਾਨਕ ਨਿਹਫਲ ਜਾਤ ਤਿਹ ਜਿਉ ਕੁੰਚਰ ਇਸਨਾਨੁ ॥੪੬॥ ਸਿਰੁ ਕੰਪਿਓ ਪਗ ਡਗਮਗੇ ਨੈਨ ਜੋਤਿ ਤੇ ਹੀਨ ॥ ਕਹੁ ਨਾਨਕ ਇਹ ਬਿਧਿ ਭਈ ਤਊ ਨ ਹਰਿ ਰਸਿ ਲੀਨ ॥੪੭॥ ਨਿਜ ਕਰਿ ਦੇਖਿਓ ਜਗਤੁ ਮੈ ਕੋ ਕਾਹੂ ਕੋ ਨਾਹਿ ॥ ਨਾਨਕ ਥਿਰੁ ਹਰਿ ਭਗਤਿ ਹੈ ਤਿਹ ਰਾਖੋ ਮਨ ਮਾਹਿ ॥੪੮॥ ਜਗ ਰਚਨਾ ਸਭ ਝੂਠ ਹੈ ਜਾਨਿ ਲੇਹੁ ਰੇ ਮੀਤ ॥ ਕਹਿ ਨਾਨਕ ਥਿਰੁ ਨਾ ਰਹੈ ਜਿਉ ਬਾਲੂ ਕੀ ਭੀਤਿ ॥੪੯॥ ਰਾਮੁ ਗਇਓ ਰਾਵਨੁ ਗਇਓ ਜਾ ਕਉ ਬਹੁ ਪਰਵਾਰੁ ॥ ਕਹੁ ਨਾਨਕ ਥਿਰੁ ਕਛੁ ਨਹੀ ਸੁਪਨੇ ਜਿਉ ਸੰਸਾਰੁ ॥੫੦॥ ਚਿੰਤਾ ਤਾ ਕੀ ਕੀਜੀਐ ਜੋ ਅਨਹੋਨੀ ਹੋਇ ॥ ਇਹੁ ਮਾਰਗੁ ਸੰਸਾਰ ਕੋ ਨਾਨਕ ਥਿਰੁ ਨਹੀ ਕੋਇ ॥੫੧॥ ਜੋ ਉਪਜਿਓ ਸੋ ਬਿਨਸਿ ਹੈ ਪਰੋ ਆਜੁ ਕੈ ਕਾਲਿ ॥ ਨਾਨਕ ਹਰਿ ਗੁਨ ਗਾਇ ਲੇ ਛਾਡਿ ਸਗਲ ਜੰਜਾਲ ॥੫੨॥ ਦੋਹਰਾ ॥ ਬਲੁ ਛੁਟਕਿਓ ਬੰਧਨ ਪਰੇ ਕਛੂ ਨ ਹੋਤ ਉਪਾਇ ॥ ਕਹੁ ਨਾਨਕ ਅਬ ਓਟ ਹਰਿ ਗਜ ਜਿਉ ਹੋਹੁ ਸਹਾਇ ॥੫੩॥ ਬਲੁ ਹੋਆ ਬੰਧਨ ਛੁਟੇ ਸਭੁ ਕਿਛੁ ਹੋਤ ਉਪਾਇ ॥ ਨਾਨਕ ਸਭੁ ਕਿਛੁ ਤੁਮਰੈ ਹਾਥ ਮੈ ਤੁਮ ਹੀ ਹੋਤ ਸਹਾਇ ॥੫੪॥ ਸੰਗ ਸਖਾ ਸਭਿ ਤਜਿ ਗਏ ਕੋਊ ਨ ਨਿਬਹਿਓ ਸਾਥਿ ॥ ਕਹੁ ਨਾਨਕ ਇਹ ਬਿਪਤਿ ਮੈ ਟੇਕ ਏਕ ਰਘੁਨਾਥ ॥੫੫॥ ਨਾਮੁ ਰਹਿਓ ਸਾਧੂ ਰਹਿਓ ਰਹਿਓ ਗੁਰੁ ਗੋਬਿੰਦੁ ॥ ਕਹੁ ਨਾਨਕ ਇਹ ਜਗਤ ਮੈ ਕਿਨ ਜਪਿਓ ਗੁਰ ਮੰਤੁ ॥੫੬॥ ਰਾਮ ਨਾਮੁ ਉਰ ਮੈ ਗਹਿਓ ਜਾ ਕੈ ਸਮ ਨਹੀ ਕੋਇ ॥ ਜਿਹ ਸਿਮਰਤ ਸੰਕਟ ਮਿਟੈ ਦਰਸੁ ਤੁਹਾਰੋ ਹੋਇ ॥੫੭॥੧॥